# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162

ਮਾਸਟਰ ਪਰਮਵੇਦ

Epaper World Punjabi Times 27 ਮਈ 2025 ਦਿਨ ਮੰਗਲਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਪੰਜਾਬੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਵੱਲੋਂ ਡਾ. ਬਲਵਿੰਦਰ ਕੌਰ ਬਰਾੜ ਨਾਲ ਵਿਸ਼ੇਸ਼ ਮਿਲਣੀ

### ਮੇਰੇ ਵਿਦਿਆਰਥੀ ਹੀ ਮੇਰਾ ਸਰਮਾਇਆ ਹਨ-ਡਾ. ਬਰਾੜ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਹੇਵਰਡ, 27 ਮਈ : ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵਿਦਿਆਰਥੀਆਂ ਵੱਲੋਂ ਡਾ. ਬਲਵਿੰਦਰ ਕੌਰ ਬਰਾੜ ਦੇ ਸਨਮਾਨ ਵਿੱਚ ਮੂਨ ਰੈਸਟੋਰੈਂਟ ਹੇਵਰਡ ਵਿਖੇ ਇੱਕ ਵਿਸ਼ੇਸ਼ ਮਿਲਣੀ ਕੀਤੀ ਗਈ। ਇਸ ਮਿਲਣੀ ਦੇ ਪ੍ਰਬੰਧਕ ਪ੍ਰੋ. ਬਲਜਿੰਦਰ ਸਿੰਘ ਸਵੈਚ ਨੇ ਡਾ. ਬਰਾੜ ਦੀ ਜਾਣ-ਪਛਾਣ ਕਰਵਾਉਂਦੇ ਹੋਏ ਦੱਸਿਆ ਕਿ ਪੰਜਾਬੀ ਭਾਸ਼ਾ ਤੇ ਸਾਹਿਤ ਨੂੰ ਸਮਰਪਿਤ ਇਸ ਸ਼ਖ਼ਸੀਅਤ ਨੇ ਆਪਣੇ ਸੇਵਾ ਕਾਲ ਦੌਰਾਨ 35 ਵਿਦਿਆਰਥੀਆਂ ਨੂੰ ਪੀ.ਐਚ.ਡੀ. ਕਰਵਾਈ ਅਤੇ 125 ਦੀ ਕਰੀਬ ਵਿਦਿਆਰਥੀਆਂ ਦੀ ਐਮ.ਫ਼ਿਲ. ਦੇ ਥੀਸਸ ਲਿਖਣ ਲਈ ਯੋਗ ਅਗਵਾਈ ਕੀਤੀ। ਮੈਡਮ ਨੇ ਅੱਧੀ ਦਰਜਨ ਤੋਂ ਵੱਧ ਕਹਾਣੀ ਸੰਗ੍ਰਹਿ, ਤਿੰਨ ਨਾਵਲ ਅਤੇ ਸਵੈ-ਜੀਵਨੀ ਨਾਲ਼ ਪੰਜਾਬੀ ਸਾਹਿਤ ਦੀ ਝੋਲੀ ਭਰੀ ਹੈ। ਸੇਵਾ ਮੁਕਤੀ ਤੋਂ ਬਾਅਦ ਉਹ ਕੈਲਗਰੀ ਵਿਖੇ ਆਪਣੇ ਬੱਚਿਆਂ ਕੋਲ ਰਹਿ ਰਹੇ ਹਨ। ਜਿੱਥੇ ਉਹ ਇਕ ਵਿਮੈਨ ਐਸੋਸੀਏਸ਼ਨ ਦੇ ਸੰਚਾਲਕ ਹਨ। ਪ੍ਰਾਈਮ ਏਸ਼ੀਆ ਟੀਵੀ ਸਮੇਤ ਹੋਰ ਕਈ ਚੈਨਲਾਂ ਤੋਂ ਪੋਡ ਕਾਸਟਿੰਗ ਨਾਲ਼ ਜੀਵਨ ਸੇਧ ਦੇ ਕੇ ਉਨ੍ਹਾਂ ਪੰਜਾਬੀਆਂ ਦੇ ਦਿਲ ਵਿੱਚ ਵਿਸ਼ੇਸ਼ ਥਾਂ ਬਣਾਈ ਹੈ।



ਪ੍ਰਭਸ਼ਰਨ ਸਿੰਘ ਨੇ ਕਿਹਾ ਕਿ ਮੈਡਮ ਨਿੱਡਰਤਾ ਦੀ ਇੱਕ ਮਿਸਾਲ ਹਨ। ਸਦਮੇ ਵਿੱਚੋਂ ਲੰਘ ਰਹੇ ਲੋਕਾਂ ਲਈ ਰਚਿਆ ਸਾਹਿਤ ਉਨ੍ਹਾਂ ਵੱਲੋਂ ਕੀਤੀ ਵਿੱਲਖਣ ਪੇਸ਼ਕਾਰੀ ਹੈ। ਸਿਆਸਤ ਜੰਮੂ ਨੇ ਕਿਹਾ ਕਿ ਮੈਡਮ ਦੀ ਕਲਾਸ ਦਾ ਮਹੌਲ ਹਮੇਸ਼ਾ ਸ਼ਾਂਤੀ ਨਿਕੇਤਨ ਵਰਗਾ ਹੁੰਦਾ ਸੀ। ਮੈਡਮ ਦੇ ਸੁਭਾਅ ਦਾ ਮੀਰੀ ਗੁਣ ਹੋਣ ਕਰ ਕੇ ਵਿਦਿਆਰਥੀ ਉਨ੍ਹਾਂ ਨਾਲ਼ ਲੋੜ ਮੁਤਾਬਿਕ ਰਿਸ਼ਤਾ ਕਾਇਮ ਕਰ ਲੈਂਦੇ ਸਨ। ਹਰ ਵਿਅਕਤੀ ਨੂੰ ਉਨ੍ਹਾਂ ਦੇ ਘਰ ਜਾਣ ਦੀ ਤੇ ਮਨ ਭਾਉਂਦਾ ਖਾਣ ਦੀ ਪੂਰੀ ਖੁੱਲ੍ਹ ਹੁੰਦੀ ਸੀ। ਸੁਖਵਿੰਦਰ ਸਿੰਘ (ਸੁੱਖਾ) ਨੇ ਸਿਆਸਤ ਜੰਮੂ ਦੇ ਇਸ ਕਥਨ ਦੀ ਪ੍ਰੋੜ੍ਹਤਾ ਕੀਤੀ।

ਮੈਡਮ ਬਰਾੜ ਨੇ ਸਭ ਦੇ ਰੂਬਰੂ ਹੁੰਦੇ ਕਿਹਾ ਕਿ ਅਜੋਕੇ ਸਮੇਂ ਵਿੱਚ ਸਭ ਤੋਂ ਵੱਡਾ ਤੋਹਫ਼ਾ ਕਿਸੇ ਨੂੰ ਸਮਾਂ ਦੇਣਾ ਹੁੰਦਾ ਹੈ ਜੋ ਤੁਸੀਂ ਮੈਨੂੰ ਦੇ ਰਹੇ ਹੋ। ਸਮਾਂ, ਵਿਅਕਤੀ ਤੇ ਸੰਬੰਧ ਖ਼ਤਮ ਹੋਣ ਤੋਂ ਬਾਅਦ ਹੀ ਯਾਦ ਆਉਂਦੇ ਹਨ। ਭਰ ਜਵਾਨੀ ਵਿੱਚ ਜੀਵਨ ਸਾਥੀ ਦੇ ਸਦੀਵੀ ਵਿਛੋੜੇ ਤੋਂ ਬਾਅਦ ਉਨ੍ਹਾਂ ਵਿਦਿਆਰਥੀਆਂ ਦੇ ਹੁੰਗਾਰੇ ਨਾਲ਼ ਹੀ ਆਪਣੇ ਆਪ ਨੂੰ ਜਿਊਣ ਯੋਗ ਬਣਾਇਆ ਹੈ। ਉਨ੍ਹਾਂ ਕਿ ਵਿਦਿਆਰਥੀ ਉਨ੍ਹਾਂ ਦਾ ਸਰਮਾਇਆ ਹਨ। 'ਮੈਨੂੰ ਇਹ ਸਵਾਲ ਅਕਸਰ ਪੁੱਛਿਆ ਜਾਂਦਾ ਹੈ ਕਿ ਵਿਦਿਆਰਥੀ ਮੈਨੂੰ ਕਿਉਂ ਏਨਾ ਪਸੰਦ ਕਰਦੇ ਹਨ ਤਾਂ ਮੇਰਾ ਜਵਾਬ ਹੁੰਦਾ ਹੈ: ਮੇਰੀਆਂ ਘੂਰੀਆਂ ਤੇ ਚੂਰੀਆਂ'। ਉਨ੍ਹਾਂ ਨੇ ਵਿਦਿਆਰਥੀਆਂ ਨਾਲ਼ ਗੁਜ਼ਾਰੇ ਪਲਾਂ ਨੂੰ ਯਾਦ ਕਰਦੇ ਹੋਏ ਜ਼ਿੰਦਗੀਆਂ ਦੀਆਂ ਤਲਖ਼ ਹਕੀਕਤਾਂ ਵੀ ਸਾਂਝੀਆਂ ਕੀਤੀਆਂ। ਇਹ ਵੀ ਦੱਸਿਆ ਕਿ ਭੀੜੀਆਂ ਗਲ਼ੀਆਂ ਵਿੱਚੋਂ ਨਿਕਲਦੇ ਹੋਏ ਮਨ 'ਤੇ ਜੋ ਝਰੀਟਾਂ ਆਉਂਦੀਆਂ ਹਨ ਉਨ੍ਹਾਂ ਨੂੰ ਭਰਨਾ ਬਹੁਤ ਜ਼ਰੂਰੀ ਹੁੰਦਾ ਹੈ। ਹਰ ਆਦਮੀ ਦੇ ਅੰਦਰ ਕੁਝ ਵਹਿਸ਼ੀ ਆਵਾਜ਼ਾਂ ਹੁੰਦੀਆਂ ਹਨ ਜਿਨ੍ਹਾਂ ਦਾ ਨਿਕਲਣਾ ਬਹੁਤ ਜ਼ਰੂਰੀ ਹੁੰਦਾ ਹੈ। ਉਨ੍ਹਾਂ ਦੀ ਵਿੱਲਖਣ ਤੇ ਸਰਲ ਭਾਸ਼ਾ ਬਾਰੇ ਪੁੱਛੇ ਸਵਾਲ ਦਾ ਜਵਾਬ ਦਿੰਦੇ ਹੋਏ ਉਨ੍ਹਾਂ ਦੱਸਿਆ ਕਿ ਉਨ੍ਹਾਂ ਨੇ ਫੋਕ ਲੋਰ 'ਤੇ ਪੀ.ਐਚ.ਡੀ. ਕੀਤੀ...ਇਸ ਸਫ਼ਰ ਦੌਰਾਨ ਉਨ੍ਹਾਂ ਨੂੰ ਲੋਕਾਂ ਕੋਲ ਜਾਣਾ ਪਿਆ, ਉਨ੍ਹਾਂ ਵਰਗੇ ਬਣਨਾ ਪਿਆ ਅਤੇ ਇਸ ਤਜ਼ਰਬੇ ਵਿੱਚੋਂ ਉਨ੍ਹਾਂ ਦੀ ਭਾਸ਼ਾ ਲੋਕਾਂ ਦੇ ਹਾਣ ਦੀ ਹੋ ਕੇ ਨਿੱਕਲੀ। ਅਮਰੀਕਾ ਵਿੱਚ ਬੱਚਿਆਂ ਦੇ ਪੰਜਾਬੀ ਨਾ ਬੋਲਣ ਦੇ ਕਾਰਣ ਬਾਰੇ ਉਨ੍ਹਾਂ ਮਾਪਿਆਂ ਨੂੰ ਜ਼ਿੰਮੇਵਾਰ ਠਹਿਰਾਇਆ। ਉਨ੍ਹਾਂ ਇਹ ਵੀ ਦੱਸਿਆ ਕਿ ਕੈਨੇਡਾ ਵਿੱਚ ਬੱਚੇ ਘਰਾਂ ਵਿੱਚ ਪੰਜਾਬੀ ਹੀ ਬੋਲਦੇ ਹਨ। ਇਹ ਮਾਪਿਆਂ ਵੱਲੋਂ ਕੀਤੇ ਯਤਨਾਂ ਦਾ ਹੀ ਫ਼ਲ ਹੈ।

ਅੰਤ ਵਿੱਚ ਲਾਜ ਨੀਲਮ ਸੈਣੀ ਨੇ ਇਹ ਖ਼ੂਬਸੂਰਤ ਪ੍ਰੋਗਰਾਮ ਨੂੰ ਉਲੀਕਣ ਲਈ ਪ੍ਰੋ. ਬਲਜਿੰਦਰ ਸਿੰਘ ਦਾ ਅਤੇ ਦੂਰੋਂ ਨੇੜਿਓਂ ਚੱਲ ਕੇ ਆਉਣ ਲਈ ਸਭਨਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਮੈਡਮ ਬਾਰੇ ਸੁਣਿਆਂ ਤਾਂ ਬਹੁਤ ਸੀ ਪਰ ਅੱਜ ਉਨ੍ਹਾਂ ਦੇ ਵਿਚਾਰ ਸੁਣ ਕੇ ਬਹੁਤ ਚੰਗਾ ਲੱਗਿਆ। ਇਹ ਸ਼ਾਮ ਇੱਕ ਖ਼ੂਬਸੂਰਤ ਯਾਦ ਬਣ ਕੇ ਸਾਡੇ ਚੇਤਿਆਂ ਵਿੱਚ ਵਸੀ ਰਹੇਗੀ। ਇਸ ਮਿਲਣੀ ਵਿੱਚ ਹੋਰਨਾਂ ਤੋਂ ਇਲਾਵਾ ਪ੍ਰੋ. ਸੁਖਦੇਵ ਸਿੰਘ, ਦਰਸ਼ਨ ਗਿੱਲ, ਇੰਦਰਜੀਤ ਕੌਰ, ਸੋਨੀਆਂ ਧਾਮੀ, ਹਰਮਿੰਦਰ ਸਿੰਘ, ਸਨਾ ਗਿੱਲ, ਰਵਨੀਤ ਗਿੱਲ, ਇਕਬਾਲ ਸਿੰਘ, ਇੰਦਰਜੀਤ ਕੌਰ, ਸਤਿੰਦਰ ਕੌਰ, ਜਸਵੰਤ ਕੌਰ, ਸਤਬੀਰ ਸਿੰਘ, ਗੁਰਵਿੰਦਰ ਕੌਰ, ਸਰਬਜੀਤ ਸਿੰਘ ਗਿੱਲ, ਪਰਮਜੀਤ ਕੌਰ ਗਿੱਲ, ਲਖਵੀਰ ਸਿੰਘ, ਰਵਿੰਦਰ ਕੌਰ ਅਤੇ ਰਵਿੰਦਰ ਸਿੰਘ ਸ਼ਾਮਲ ਸਨ।

## ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਵਿਧਾਇਕ ਸੇਖੋਂ ਨੇ ਸਕੂਲਾਂ ਦੇ ਵਿਕਾਸ ਕਾਰਜਾਂ ਦੇ ਕੀਤੇ ਉਦਘਾਟਨ

ਵਰਲਡ ਪੰਜਾਬੀ ਟਾਈਮਜ਼

ਫ਼ਰੀਦਕੋਟ 27 ਮਈ : ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਚਲਾਈ ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਅੱਜ ਵਿਧਾਇਕ ਫਰੀਦਕੋਟ ਗੁਰਦਿੱਤ ਸਿੰਘ ਸੇਖੋਂ ਨੇ ਹਲਕੇ ਦੇ ਪਿੰਡ ਨਰਾਇਣਗੜ੍ਹ, ਵੀਰੇਵਾਲਾ ਖੁਰਦ, ਮਿੱਡੂਮਾਨ, ਸੰਗਤਪੁਰਾ ਵਿਖੇ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ। ਇਸ ਮੌਕੇ ਵਿਧਾਇਕ ਸੇਖੋਂ ਨੇ




ਦੱਸਿਆ ਕਿ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਉਨ੍ਹਾਂ ਕਿਹਾ ਕਿ ਅੱਜ ਸਰਕਾਰੀ ਪ੍ਰਾਇਮਰੀ ਸਕੂਲ ਨਰਾਇਣਗੜ੍ਹ ਵਿਖੇ 2.10 ਲੱਖ ਰੁਪਏ, ਸਰਕਾਰੀ ਪ੍ਰਾਇਮਰੀ ਸਕੂਲ ਵੀਰੇਵਾਲਾ ਖੁਰਦ ਵਿਖੇ 3.60 ਲੱਖ ਰੁਪਏ ਅਤੇ ਸਰਕਾਰੀ ਮਿਡਲ ਸਕੂਲ ਵੀਰੇਵਾਲਾ ਖੁਰਦ 4.20 ਲੱਖ, ਸਰਕਾਰੀ ਪ੍ਰਾਇਮਰੀ ਸਕੂਲ ਮਿੱਡੂਮਾਨ ਵਿਖੇ 15.97 ਲੱਖ, ਸਰਕਾਰੀ ਪ੍ਰਾਇਮਰੀ ਸਕੂਲ ਸੰਗਤਪੁਰਾ 18.59 ਲੱਖ ਰੁਪਏ ਵਿਖੇ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾ ਰਿਹਾ ਹੈ ਜਿਸ ਨਾਲ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਅਤੇ ਸਿੱਖਿਆ ਦੀ ਗੁਣਵੱਤਾ ਵਿਚ ਕਾਫ਼ੀ ਸੁਧਾਰ ਹੋਇਆ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਅਤੇ ਸਿਹਤ ਪੰਜਾਬ ਦੇ ਮੁੱਖ ਟੀਚੇ ਹਨ ਅਤੇ ਇਨ੍ਹਾਂ ਦੀ ਪੂਰਤੀ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਸ ਮੌਕੇ ਅਮਰਜੀਤ ਸਿੰਘ ਪਰਮਾਰ ਹਲਕਾ ਕੁਆਰਡੀਨੇਟਰ ਸਿੱਖਿਆ, ਜਿਲ੍ਹਾ ਕੁਆਰਡੀਨੇਟਰ ਜਸਵਿੰਦਰ ਸਿੰਘ ਤੋਂ ਇਲਾਵਾ ਸਕੂਲੀ ਬੱਚੇ ਅਤੇ ਅਧਿਆਪਕ ਹਾਜ਼ਰ ਸਨ।

## ਗੁਰੂ ਨਾਨਕ ਜਹਾਜ਼ ਦੀ 111ਵੀਂ ਯਾਦਗਾਰੀ ਵਰ੍ਹੇ-ਗੰਢ 'ਤੇ ਵੈਨਕੂਵਰ 'ਚ ਸਮਾਗਮ

### 'ਗੁਰੂ ਨਾਨਕ ਜਹਾਜ਼' ਨਾਂ ਦੀ ਬਹਾਲੀ ਅਤੇ ਸ਼ਹੀਦ ਭਾਈ ਮੇਵਾ ਸਿੰਘ ਲੋਪੋਕੇ ਦਾ ਇਤਿਹਾਸ ਦਰੁਸਤ ਕਰਨ ਸਬੰਧੀ ਮਤੇ ਸਰਬ-ਸੰਮਤੀ ਨਾਲ ਪਾਸ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਵੈਨਕੂਵਰ , 27 ਮਈ : 111 ਸਾਲ ਪਹਿਲਾਂ ਕੈਨੇਡਾ ਦੇ ਬਸਤੀਵਾਦ ਅਤੇ ਨਸਲਵਾਦ ਦਾ, ਚੜ੍ਹਦੀ ਕਲਾ ਅਤੇ ਭਾਈਚਾਰਕ ਸਾਂਝ ਨਾਲ ਮੁਕਾਬਲਾ ਕਰਨ ਵਾਲੇ 'ਗੁਰੂ ਨਾਨਕ ਜਹਾਜ਼ ਦੇ ਮੁਸਾਫਿਰਾਂ' ਦੀ ਨਿੱਡਰ ਅਤੇ ਸੁਤੰਤਰ ਹਸਤੀ ਬਾਰੇ, ਵੈਨਕੂਵਰ ਸਮੁੰਦਰੀ ਤੱਟ 'ਤੇ ਇੱਕ ਸ਼ਾਨਦਾਰ ਸਮਾਗਮ ਕਰਵਾਇਆ ਗਿਆ। ਇਸ ਵਿੱਚ ਕੈਨੇਡਾ ਵਸਦੇ ਪੰਜਾਬੀ ਭਾਈਚਾਰੇ ਨਾਲ ਸਬੰਧਤ ਸਿਆਸੀ ਆਗੂਆਂ ਤੋਂ ਇਲਾਵਾ, ਵੱਖ-ਵੱਖ ਸੰਸਥਾਵਾਂ, ਉੱਘੀਆਂ ਸ਼ਖਸ਼ੀਅਤਾਂ, ਨੌਜਵਾਨਾਂ, ਬੱਚਿਆਂ ਅਤੇ ਬਜ਼ੁਰਗਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।

ਸਮਾਗਮ ਦੇ ਆਗਾਜ਼ ਵਿਚ ਬੀਸੀ ਖਾਲਸਾ ਦਰਬਾਰ ਵੱਲੋਂ ਹਰਿੰਦਰ ਸਿੰਘ ਸੋਹੀ ਤੇ ਗੁਰੂ ਨਾਨਕ ਜਹਾਜ਼ ਹੈਰੀਟੇਜ ਸੁਸਾਇਟੀ ਵੱਲੋਂ ਬੀਬੀ ਬਲਜੀਤ ਕੌਰ ਨੇ ਸਭ ਦਾ ਸਵਾਗਤ ਕੀਤਾ ਅਤੇ ਅਕਾਲੀ ਸਿੰਘ ਸਿੱਖ ਸੁਸਾਇਟੀ ਵੱਲੋਂ ਭਾਈ ਜਸਵੀਰ ਸਿੰਘ ਨੇ ਅਰਦਾਸ ਕੀਤੀ। ਮੂਲ ਨਿਵਾਸੀ ਭਾਈਚਾਰੇ ਦੀ ਸਿਸੀਲੀਆ ਪੁਆਇੰਟ ਦਾ ਸੰਦੇਸ਼ ਸਾਂਝਾ ਕੀਤਾ ਗਿਆ ਅਤੇ ਖਾਲਸਾ ਸਕੂਲ ਸਰੀ ਅਤੇ ਐਲਡਰਗਰੋਵ ਅਤੇ ਸਿੱਖ ਅਕੈਡਮੀ ਸਰੀ ਦੇ ਬੱਚਿਆਂ ਨੇ 'ਓ ਕੈਨੇਡਾ' ਗਾਇਨ ਕੀਤਾ।





ਗੁਰੂ ਨਾਨਕ ਜਹਾਜ਼ ਹੈਰੀਟੇਜ ਸੁਸਾਇਟੀ ਵੱਲੋਂ ਡਾ. ਗੁਰਵਿੰਦਰ ਸਿੰਘ ਨੇ ਕਿਹਾ ਕਿ ਬਾਬਾ ਗੁਰਦਿੱਤ ਸਿੰਘ ਵੱਲੋਂ ਕਿਰਾਏ 'ਤੇ ਲਏ ਗਏ ਸਮੁੰਦਰੀ ਬੇੜੇ ਦਾ ਨਾਂ ਗੁਰੂ ਨਾਨਕ ਜਹਾਜ਼ ਰੱਖਿਆ ਗਿਆ ਸੀ ਅਤੇ ਅੱਗੇ ਤੋਂ ਇਤਿਹਾਸਕਾਰਾਂ, ਪੱਤਰਕਾਰਾਂ ਅਤੇ ਸਿਆਸਤਦਾਨਾਂ ਨੂੰ 'ਗੁਰੂ ਨਾਨਕ ਜਹਾਜ਼' ਸ਼ਬਦ ਹੀ ਵਰਤਣਾ ਚਾਹੀਦਾ ਹੈ। ਰਾਜ ਸਿੰਘ ਭੰਡਾਲ ਨੇ ਗੁਰੂ ਨਾਨਕ ਜਹਾਜ਼ ਨਾਂ ਦੀ ਵਰਤੋਂ ਬਾਰੇ ਵਿਚਾਰ ਸਾਂਝੇ ਕੀਤੇ ਅਤੇ ਵੈਨਕੂਵਰ ਸਿਟੀ ਕੌਂਸਲ ਵੱਲੋਂ 'ਗੁਰੂ ਨਾਨਕ ਜਹਾਜ਼ ਯਾਦਗਾਰੀ ਦਿਨ' ਦਾ ਐਲਾਨਨਾਮਾ ਕਰਨ 'ਤੇ ਧੰਨਵਾਦ ਕੀਤਾ।

ਸਮਾਗਮ ਦੇ ਮੁੱਖ ਮਨੋਰਥ ਵਜੋਂ ਗੁਰੂ ਨਾਨਕ ਜਹਾਜ਼ ਦੀ ਮੌਜੂਦਗੀ ਸਬੰਧੀ ਅਹਿਮ ਮਤੇ ਪਾਸ ਕੀਤੇ, ਜਿਨ੍ਹਾਂ ਵਿੱਚ ਕੈਨੇਡਾ ਸਰਕਾਰ ਵੱਲੋਂ ਮੰਗੀ ਗਈ ਮੁਆਫ਼ੀ ਦੀ ਸ਼ਬਦਾਵਲੀ ਸੋਧਣ ਅਤੇ ਉਸ ਵਿੱਚ ਮੁੱਖ ਨਾਂ 'ਗੁਰੂ ਨਾਨਕ ਜਹਾਜ਼' ਸ਼ਾਮਿਲ ਕਰਨ ਤੋਂ ਇਲਾਵਾ ਸ਼ਹੀਦ ਭਾਈ ਮੇਵਾ ਸਿੰਘ ਲੋਪੋਕੇ ਸਬੰਧੀ ਕੈਨੇਡਾ ਦੇ ਇਤਿਹਾਸ ਨੂੰ ਦਰੁਸਤ ਕਰਨ ਅਤੇ ਉਹਨਾਂ ਦੀ ਢੁਕਵੀਂ ਯਾਦ ਸਥਾਪਿਤ ਕਰਨ ਬਾਰੇ ਮੰਗਾਂ ਸ਼ਾਮਿਲ ਕੀਤੀਆਂ ਗਈਆਂ। ਇਹ ਮਤੇ ਅੰਗਰੇਜ਼ੀ ਵਿੱਚ ਤਜਿੰਦਰਪਾਲ ਸਿੰਘ, ਫਰੈਂਚ ਵਿੱਚ ਸਾਹਿਬ ਕੌਰ ਧਾਲੀਵਾਲ ਅਤੇ ਪੰਜਾਬੀ ਵਿੱਚ ਰਣਦੀਪ ਸਿੰਘ ਸੰਧੂ ਵੱਲੋਂ ਪੜ੍ਹੇ ਗਏ ਅਤੇ ਸਾਰਿਆਂ ਦੀ ਪ੍ਰਵਾਨਗੀ ਲਈ ਗਈ।

ਬੀਸੀ ਦੀਆਂ ਵਿਧਾਇਕਾਂ ਜੈਸੀ ਸੁੰਨੜ ਅਤੇ ਸੁਨੀਤਾ ਧੀਰ ਅਤੇ ਵੈਨਕੂਵਰ ਦੇ ਪਾਰਕ ਬੋਰਡ ਕਮਿਸ਼ਨਰ ਜਸਪ੍ਰੀਤ ਸਿੰਘ ਵਿਰਦੀ ਨੇ ਆਪਣੇ ਸੰਬੋਧਨ ਵਿਚ ਗੁਰੂ ਨਾਨਕ ਜਹਾਜ਼ ਨਾਂ ਬਹਾਲ ਕਰਨ 'ਤੇ ਸਹਿਮਤੀ ਪ੍ਰਗਟਾਈ। ਵੈਨਕੂਵਰ ਦੀ ਸਕੂਲ ਟਰਸਟੀ ਪ੍ਰੀਤੀ ਫਰੀਦਕੋਟ ਦੀ ਬੱਚੀ ਖੁਸ਼ੀ ਕੌਰ ਨੇ ਗੁਰੂ ਨਾਨਕ ਜਹਾਜ਼ ਤੇ ਨਜ਼ਮ ਸੁਣਾਈ। 'ਗੁਰੂ ਨਾਨਕ ਜਹਾਜ਼' ਫਿਲਮ ਦੇ ਕਲਾਕਾਰ ਭਵਖੰਡਨ ਸਿੰਘ ਰੱਖੜਾ ਅਤੇ ਅਸ਼ਵਨ ਸਿੰਘ ਨੇ ਫਿਲਮ ਦਾ ਦ੍ਰਿਸ਼ ਪੇਸ਼ ਕਰਕੇ ਲੋਕਾਂ ਦਾ ਮਨ ਮੋਹ ਲਿਆ।

ਗੁਰਦੁਆਰਾ ਬੀਸੀ ਖਾਲਸਾ ਦਰਬਾਰ ਵੈਨਕੂਵਰ ਅਤੇ ਅਕਾਲੀ ਸਿੰਘ ਸਿੱਖ ਸੁਸਾਇਟੀ ਤੋਂ ਇਲਾਵਾ ਗੁਰਦੁਆਰਾ ਦੂਖ ਨਿਵਾਰਨ ਸਰੀ, ਗੁਰੂ ਨਾਨਕ ਗੁਰਦੁਆਰਾ ਸਾਹਿਬ ਸਰੀ ਡੈਲਟਾ, ਖਾਲਸਾ ਦੀਵਾਨ ਸੁਸਾਇਟੀ ਸੁਖ ਸਾਗਰ ਨਿਊ ਵੈਸਟਮਿਨਿਸਟਰ, ਗੁਰੂ ਨਾਨਕ ਨਿਵਾਸ ਗੁਰਦੁਆਰਾ ਰਿਚਮੰਡ, ਗੁਰਦੁਆਰਾ ਦਸ਼ਮੇਸ਼ ਦਰਬਾਰ ਸਰੀ, ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦਰ ਐਬਸਫੋਰਡ, ਗੁਰਦੁਆਰਾ ਸਾਹਿਬ ਬੁਕਸਾਈਡ ਸਰੀ, ਨਾਨਕਸਰ ਵਿੱਚ ਰਿਚਮੰਡ ਅਤੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਰੀ ਨੇ ਗੁਰੂ ਨਾਨਕ ਜਹਾਜ਼ ਸ਼ਬਦ ਵਰਤਣ ਦਾ ਅਹਿਦ ਲਿਆ।

ਪਾਕਿਸਤਾਨ ਦੀ ਰਾਜਸੀ ਸ਼ਖ਼ਸੀਅਤ ਅਤੇ ਸਾਬਕਾ ਪਾਰਲੀਮੈਂਟ ਸਕੱਤਰ ਰਾਏ ਅਜ਼ੀਜ਼ ਉੱਲਾ ਖਾਨ, ਮਨੁੱਖੀ ਅਧਿਕਾਰਾਂ ਦੇ ਕਾਰਕੁੰਨ ਸੁਨੀਲ ਕੁਮਾਰ ਸ਼ਰਮਾ, ਇਮਤਿਆਜ਼ ਪੋਪਟ ਤੇ ਨੌਜਵਾਨ ਵਕੀਲ ਬਲਪ੍ਰੀਤ ਸਿੰਘ ਖਟੜਾ ਸਮੇਤ ਕਈ ਬੁਲਾਰਿਆਂ ਨੇ ਗੁਰੂ ਨਾਨਕ ਜਹਾਜ਼ ਦੀ ਮਹੱਤਤਾ ਬਾਰੇ ਵਿਚਾਰ ਦਿੱਤੇ। ਖਾਲਸਾ ਸਕੂਲ ਦੇ ਸਿੰਘ-ਸਿੰਘਣੀਆਂ ਨੇ ਗੱਤਕੇ ਦੇ ਜੌਹਰ ਦਿਖਾਏ ਅਤੇ ਯੋਧਿਆਂ ਦੀਆਂ ਢਾਡੀ ਵਾਰਾਂ ਸਰਵਣ ਕਰਾਈਆਂ। ਸਿੱਖ ਅਕੈਡਮੀ ਸਰੀ ਦੇ ਬੱਚਿਆਂ ਨੇ ਗੁਰੂ ਨਾਨਕ ਜਹਾਜ਼ 'ਤੇ ਇਕਾਂਗੀ ਪੇਸ਼ ਕੀਤੀ।

ਇਸ ਮੌਕੇ 'ਤੇ ਹਾਜ਼ਰ ਸ਼ਖਸੀਅਤਾਂ ਵਿੱਚ ਸਿੱਖ ਹੈਰੀਟੇਜ ਵੈਨਕੂਵਰ ਦੇ ਸੇਵਾਦਾਰ ਤਾਜ ਸਿੰਘ, ਕਾਮਾਗਾਟਾਮਾਰੂ ਹੈਰੀਟੇਜ ਫਾਊਂਡੇਸ਼ਨ ਦੇ ਹਰਭਜਨ ਸਿੰਘ ਗਿੱਲ, ਜਗਰੂਪ ਸਿੰਘ ਖੇੜਾ, ਲਾਟ ਭਿੰਡਰ ਐਡਮਿੰਟਨ, ਗੁਰਮੁਖ ਸਿੰਘ ਦਿਓਲ, ਮਨਪ੍ਰੀਤ ਸਿੰਘ ਡਰੋਲੀ, ਕੁਲਬੀਰ ਸਿੰਘ ਬਹਿਨੀਵਾਲ, ਅਵਤਾਰ ਸਿੰਘ ਗਿੱਲ, ਮਨਜੀਤ ਸਿੰਘ ਸੋਹੀ, ਬਲਵੀਰ ਸਿੰਘ ਸੰਘਾ, ਕੇਸਰ ਸਿੰਘ ਕੂਨਰ, ਜਗਤਾਰ ਸਿੰਘ ਸੰਧੂ, ਅਰਸ਼ਬੀਰ ਸਿੰਘ ਮਾਨ, ਅਨੂਪ ਸਿੰਘ ਲੁੱਡੂ, ਕੁਲਵੰਤ ਸਿੰਘ ਜੌਹਲ ਡਾਕਟਰ ਅਵਲੀਨ ਕੌਰ ਤੇ ਅਨੇਕਾਂ ਹੋਰ ਸ਼ਾਮਿਲ ਸਨ, ਜਦ ਕਿ ਸਿੱਖ ਮੋਟਰ ਸਾਈਕਲ ਸਵਾਰਾਂ ਦੇ ਕਲੱਬਾਂ ਦੇ ਮੋਢੀ ਅਵਤਾਰ ਸਿੰਘ ਢਿੱਲੋ ਨੇ ਸਮਾਗਮ ਵਿੱਚ ਵਿਸ਼ੇਸ਼ ਹਾਜਰੀ ਲਵਾਈ। ਪ੍ਰੋਗਰਾਮ ਦੀ ਸਫਲਤਾ ਲਈ ਪੰਜਾਬੀ ਮੀਡੀਆ ਦੇ ਅਖਬਾਰਾਂ, ਰੇਡੀਓ ਅਤੇ ਟੈਲੀਵਿਜ਼ਨਾਂ ਦਾ ਭਰਪੂਰ ਸਹਿਯੋਗ ਰਿਹਾ।

ਸਮਾਗਮ ਵਿਚ ਬੀਸੀ ਖਾਲਸਾ ਦਰਬਾਰ ਵੈਨਕੂਵਰ ਅਤੇ ਵਣਜਾਰਾ ਨੋਮੈਡ ਕਲੈਕਸ਼ਨਜ਼ ਨੇ ਅਹਿਮ ਭੂਮਿਕਾ ਨਿਭਾਈ। ਡਾਕਟਰ ਮਾਨ ਸਮੂਹ ਸੰਗਤਾਂ, ਸਹਿਯੋਗੀਆਂ ਅਤੇ ਵਿਸ਼ੇਸ਼ਕਰ ਮੀਡੀਏ ਦਾ ਧੰਨਵਾਦ ਕੀਤਾ। ਸਮਾਗਮ ਦਾ ਸੰਚਾਲਨ ਸਾਹਿਬ ਕੌਰ ਧਾਲੀਵਾਲ ਨੇ ਭਾਵਪੂਰਤ ਢੰਗ ਨਾਲ ਕੀਤਾ।

## ਪੰਜਾਬੀ ਲੇਖਕ ਮੰਚ ਵੈਨਕੂਵਰ ਵੱਲੋਂ ਨਦੀਮ ਪਰਮਾਰ ਅਤੇ ਜਰਨੈਲ ਸਿੰਘ ਆਰਟਿਸਟ ਨੂੰ ਸ਼ਰਧਾਂਜਲੀ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ




ਸਰੀ, 27 ਮਈ : ਪੰਜਾਬੀ ਲੇਖਕ ਮੰਚ ਦੀ ਮੀਟਿੰਗ ਬੀਤੇ ਦਿਨੀਂ ਜਰਨੈਲ ਆਰਟ ਗੈਲਰੀ ਅਤੇ ਗੁਰਦੀਪ ਆਰਟਸ ਅਕੈਡਮੀ ਸਰੀ ਦੇ ਸਾਂਝੇ ਵਿਹੜੇ ਵਿਚ ਹੋਈ ਜਿਸ ਵਿਚ ਮੰਚ ਵੱਲੋਂ 2025 ਦੇ ਪਿਛਲੇ ਕੁਝ ਮਹੀਨਿਆਂ ਵਿਚ ਸਦੀਵੀ ਵਿਛੋੜਾ ਦੇ ਗਏ ਮੰਚ ਦੇ ਮੈਂਬਰ ਨਾਮਵਰ ਲੇਖਕ ਕੁਲਵੰਤ ਸਿੰਘ ਪਰਮਾਰ ਨਦੀਮ ਅਤੇ ਸਿੱਖ ਵਰਸੇ ਤੇ ਪੰਜਾਬੀ ਸਭਿਆਚਾਰ ਦੇ ਚਿੱਤਰਕਾਰ ਜਰਨੈਲ ਸਿੰਘ ਆਰਟਿਸਟ ਨੂੰ ਸ਼ਰਧਾਂਜਲੀ ਅਰਪਣ ਕੀਤੀ ਗਈ । ਮੰਚ ਦੇ ਨਦੀਮ ਪਰਮਾਰ ਦੀ ਪਤਨੀ ਸੁਰਜੀਤ ਕੌਰ ਪਰਮਾਰ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।

ਮੀਟਿੰਗ ਵਿਚ ਜਰਨੈਲ ਸਿੰਘ ਆਰਟਿਸਟ ਦੀ ਪਤਨੀ ਬਲਜੀਤ ਕੌਰ ਆਰਟਿਸਟ ਅਤੇ ਉਹਨਾਂ ਦੀ ਬੇਟੀ ਨੀਤੀ ਆਰਟਿਸਟ ਨੇ ਮੰਚ ਦੇ ਸੱਦੇ 'ਤੇ ਸ਼ਮੂਲੀਅਤ ਕੀਤੀ। ਉਹਨਾਂ ਦੇ ਦੁੱਖ ਵਿਚ ਸ਼ਾਮਲ ਹੁੰਦੇ ਹੋਏ ਅਮਰੀਕ ਪਲਾਹੀ, ਅਜਮੇਰ ਰੋਡੇ, ਅਮਨ ਸੀ. ਸਿੰਘ, ਅਮਰਜੀਤ ਚਾਹਲ, ਜਗਜੀਤ ਸੰਧੂ, ਗੁਰਮੀਤ ਸਿੰਘ ਸਿੱਧੂ, ਸੁਖਵੰਤ ਹੁੰਦਲ, ਸੁਖਜੀਤ ਢਿੱਲੋਂ, ਫੌਜ਼ੀਆ ਰਫ਼ੀਕ, ਨੌਨੀ ਕੌਰ, ਪ੍ਰੀਤਇੰਦਰ ਸਿੰਘ ਬਾਜਵਾ, ਸੁਰਜੀਤ ਕਲਸੀ ਅਤੇ ਗੁਰਦੀਪ ਭੁੱਲਰ ਨੇ ਜਰਨੈਲ ਸਿੰਘ ਆਰਟਿਸਟ ਨਾਲ ਗੁਜ਼ਾਰੇ ਸਮੇਂ ਦੀਆਂ ਯਾਦਾਂ ਭਰੇ ਮਨਾਂ ਨਾਲ ਸਾਂਝੀਆਂ ਕੀਤੀਆਂ। ਨੀਤੀ ਆਰਟਿਸਟ ਵੱਲੋਂ ਬਹੁਤ ਹੀ ਵਧੀਆ ਤੇਲ-ਰੰਗਾਂ ਦੀ ਖ਼ੂਬਸੂਰਤ ਚਿੱਤਰਕਾਰੀ ਨਾਲ ਤਿਆਰ ਕੀਤਾ ਆਪਣੇ ਪਿਤਾ ਜਰਨੈਲ ਸਿੰਘ ਆਰਟਿਸਟ ਦਾ ਪੋਰਟਰੇਟ ਗੈਲਰੀ ਵਿਚ ਪ੍ਰਦਰਸ਼ਿਤ ਕੀਤਾ ਗਿਆ।

ਰਚਨਾਤਮਿਕ ਦੌਰ ਵਿਖ ਕਹਾਣੀਕਾਰ ਅਮਰਜੀਤ ਚਾਹਲ ਨੇ “ਮੇਰਾ ਉਹ ਦਿਨ” ਰਚਨਾ ਪੜ੍ਹੀ, ਜਿਸ ਵਿਚ ਇਕ ਦਿਨ ਦੇ ਦੌਰਾਨ ਬੀਤੀਆਂ ਝਲਕੀਆਂ ਦਾ ਰੌਚਕ ਵਿਵਰਣ ਮੈਂਬਰਾਂ ਨੇ ਬੜੀ ਦਿਲਚਸਪੀ ਨਾਲ ਸੁਣਿਆ। ਡਿਜ਼ਾਇਨਰ ਪ੍ਰੀਤਇੰਦਰ ਸਿੰਘ ਬਾਜਵਾ ਨੇ ਪੁਸਤਕ ਦੀ ਛਪਾਈ ਲਈ ਡਿਜ਼ਾਇਨ ਕਰਨ ਦੀ ਵਿਧੀ ਬਾਰੇ ਜਾਣਕਾਰੀ ਸਾਂਝੀ ਕੀਤੀ।